ਭੈਰਉ ਮਹਲਾ ੧ ॥ ਨੈਨੀ ਦ੍ਰਿਸਟਿ ਨਹੀ ਤਨੁ ਹੀਨਾ ਜਰਿ ਜੀਤਿਆ ਸਿਰਿ ਕਾਲੋ ॥ ਰੂਪੁ ਰੰਗੁ ਰਹਸੁ ਨਹੀ ਸਾਚਾ ਕਿਉ ਛੋਡੈ ਜਮ ਜਾਲੋ ॥ ੧॥ ਪ੍ਰਾਣੀ ਹਰਿ ਜਪਿ ਜਨਮੁ ਗਇਓ ॥ ਸਾਚ ਸਬਦ ਬਿਨੁ ਕਬਹੁ ਨ ਛੂਟਸਿ ਬਿਰਥਾ ਜਨਮੁ ਭਇਓ ॥੧॥ ਰਹਾਉ ॥ ਤਨ ਮਹਿ ਕਾਮੁ ਕ੍ਰੋਧੁ ਹਉ ਮਮਤਾ ਕਠਿਨ ਪੀਰ ਅਤਿ ਭਾਰੀ ॥ ਗੁਰਮੁਖਿ ਰਾਮ ਜਪਹੁ ਰਸੁ ਰਸਨਾ ਇਨ ਬਿਧਿ ਤਰੁ ਤੂ ਤਾਰੀ ॥ ੨॥ ਬਹਰੇ ਕਰਨ ਅਕਲਿ ਭਈ ਹੋਛੀ ਸਬਦ ਸਹਜੁ ਨਹੀ ਬੂਝਿਆ ॥ ਜਨਮੁ ਪਦਾਰਥੁ ਮਨਮੁਖਿ ਹਾਰਿਆ ਬਿਨੁ ਗੁਰ ਅੰਧੁ ਨ ਸੂਝਿਆ ॥ ੩॥ ਰਹੈ ਉਦਾਸੁ ਆਸ ਨਿਰਾਸਾ ਸਹਜ ਧਿਆਨਿ ਬੈਰਾਗੀ ॥ ਪ੍ਰਣਵਤਿ ਨਾਨਕ ਗੁਰਮੁਖਿ ਛੂਟਸਿ ਰਾਮ ਨਾਮਿ ਲਿਵ ਲਾਗੀ ॥੪॥੨॥੩॥ {ਪੰਨਾ 1125-1126}

ਪਦਅਰਥ:- ਨੈਨੀ—ਅੱਖਾਂ ਵਿਚ। ਦ੍ਰਿਸਟਿ—ਵੇਖਣ ਦੀ ਤਾਕਤ। ਹੀਨਾ—ਕਮਜ਼ੋਰ, ਲਿੱਸਾ। ਜਰਿ—ਜਰ ਨੇ, ਬੁਢੇਪੇ ਨੇ। ਸਿਰਿ—ਸਿਰ ਉਤੇ। ਕਾਲੋ—ਕਾਲੁ, ਮੌਤ। ਰਹਸੁ—ਖਿੜਾਉ। ਸਾਚਾ—ਸਦਾ ਕਾਇਮ ਰਹਿਣ ਵਾਲਾ, ਰੱਬੀ। ਜਮ ਜਾਲੋ—ਜਮ ਦਾ ਜਾਲ, ਜਮ ਦੀ ਫਾਹੀ।1।

ਜਨਮੁ—ਮਨੁੱਖਾ ਜਨਮ। ਗਇਓ—ਲੰਘਦਾ ਜਾ ਰਿਹਾ ਹੈ। ਨ ਛੂਟਸਿ—ਤੂੰ (ਜਮ-ਜਾਲ ਤੋਂ) ਖ਼ਲਾਸੀ ਨਹੀਂ ਪਾ ਸਕੇਂਗਾ।1। ਰਹਾਉ।

ਹਉ—ਮੈਂ ਮੈਂ, ਮੈਂ ਵੱਡਾ ਮੈਂ ਵੱਡਾ, ਹਉਮੈ। ਮਮ—ਮੇਰਾ। ਮਮਤਾ—ਮਲਕੀਅਤਾਂ ਦੀ ਤਾਂਘ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਰਸੁ—(ਸਿਮਰਨ ਦਾ) ਸੁਆਦ। ਰਸਨਾ—ਜੀਭ (ਨਾਲ)। ਇਨ ਬਿਧਿ—ਇਹਨਾਂ ਤਰੀਕਿਆਂ ਨਾਲ।2।

ਬਹਰੇ—ਬੋਲੇ। ਕਰਨ—ਕੰਨ। ਅਕਲਿ—ਮਤਿ, ਸਮਝ। ਹੋਛੀ—ਥੋੜ੍ਹ-ਵਿਤੀ। ਸਹਜੁ—ਅਡੋਲ ਅਵਸਥਾ, ਸ਼ਾਂਤ-ਰਸ। ਸਬਦ ਸਹਜੁ—ਸਿਫ਼ਤਿ-ਸਾਲਾਹ ਦਾ ਸ਼ਾਂਤ-ਰਸ। ਮਨਮੁਖਿ—ਮਨ ਵਲ ਮੂੰਹ ਕਰ ਕੇ, ਮਨ ਦੇ ਪਿੱਛੇ ਤੁਰ ਕੇ। ਅੰਧੁ—ਅੰਨ੍ਹਾ।3।

ਉਦਾਸੁ—ਉਪਰਾਮ, ਨਿਰਲੇਪ। ਨਿਰਾਸਾ—ਆਸਾਂ ਤੋਂ ਨਿਰਾਲਾ। ਸਹਜ ਧਿਆਨਿ—ਅਡੋਲਤਾ ਦੀ ਸਮਾਧੀ ਵਿਚ। ਧਿਆਨਿ—ਧਿਆਨ ਵਿਚ, ਸਮਾਧੀ ਵਿਚ। ਬੈਰਾਗੀ—ਵੈਰਾਗਵਾਨ, ਨਿਰਮੋਹ। ਛੂਟਸਿ—ਮਾਇਆ ਦੇ ਮੋਹ ਤੋਂ ਬਚੇਗਾ। ਨਾਮਿ—ਨਾਮ ਵਿਚ।4।

ਅਰਥ:- ਹੇ ਪ੍ਰਾਣੀ! ਪਰਮਾਤਮਾ ਦਾ ਸਿਮਰਨ ਕਰ। ਜ਼ਿੰਦਗੀ ਬੀਤਦੀ ਜਾ ਰਹੀ ਹੈ। ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੋਂ ਵਾਂਜਿਆ ਰਹਿ ਕੇ (ਮਾਇਆ ਦੇ ਮੋਹ ਤੋਂ, ਜਮ ਦੇ ਜਾਲ ਤੋਂ) ਤੂੰ ਕਦੇ ਭੀ ਬਚਿਆ ਨਹੀਂ ਰਹਿ ਸਕੇਂਗਾ। ਤੇਰੀ ਜ਼ਿੰਦਗੀ ਵਿਅਰਥ ਹੀ ਚਲੀ ਜਾਇਗੀ।1। ਰਹਾਉ।

ਹੇ ਪ੍ਰਾਣੀ! ਤੇਰੀਆਂ ਅੱਖਾਂ ਵਿਚ ਵੇਖਣ ਦੀ (ਪੂਰੀ) ਤਾਕਤ ਨਹੀਂ ਰਹੀ, ਤੇਰਾ ਸਰੀਰ ਲਿੱਸਾ ਹੋ ਗਿਆ ਹੈ, ਬੁਢੇਪੇ ਨੇ ਤੈਨੂੰ ਜਿੱਤ ਲਿਆ ਹੈ (ਬੁਢੇਪੇ ਨੇ ਜ਼ੋਰ ਪਾ ਦਿੱਤਾ ਹੈ)। ਤੇਰੇ ਸਿਰ ਉਤੇ ਹੁਣ ਮੌਤ ਕੂਕ ਰਹੀ ਹੈ। ਨਾਹ ਤੇਰਾ ਰੱਬੀ ਰੂਪ ਬਣਿਆ, ਨਾਹ ਤੈਨੂੰ ਰੱਬੀ ਰੰਗ ਚੜ੍ਹਿਆ, ਨਾਹ ਤੇਰੇ ਅੰਦਰ ਰੱਬੀ ਖੇੜਾ ਆਇਆ, (ਦੱਸ) ਜਮ ਦਾ ਜਾਲ ਤੈਨੂੰ ਕਿਵੇਂ ਛੱਡੇਗਾ?।1।

ਹੇ ਪ੍ਰਾਣੀ! ਤੇਰੇ ਸਰੀਰ ਵਿਚ ਕਾਮ (ਜ਼ੋਰ ਪਾ ਰਿਹਾ) ਹੈ, ਕ੍ਰੋਧ (ਪ੍ਰਬਲ) ਹੈ, ਹਉਮੈ ਹੈ, ਮਲਕੀਅਤਾਂ ਦੀ ਤਾਂਘ ਹੈ, ਇਹਨਾਂ ਸਭਨਾਂ ਦੀ ਵੱਡੀ ਔਖੀ ਪੀੜ ਉਠ ਰਹੀ ਹੈ (ਇਹਨਾਂ ਵਿਕਾਰਾਂ ਵਿਚ ਡੁੱਬਣੋਂ ਤੇਰਾ ਬਚਾ ਕਿਵੇਂ ਹੋਵੇ?)।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਭਜਨ ਕਰ, ਜੀਭ ਨਾਲ (ਸਿਮਰਨ ਦਾ) ਸੁਆਦ ਲੈ। ਇਹਨਾਂ ਤਰੀਕਿਆਂ ਨਾਲ (ਇਹਨਾਂ ਵਿਕਾਰਾਂ ਦੇ ਡੂੰਘੇ ਪਾਣੀਆਂ ਵਿਚੋਂ ਸਿਮਰਨ ਦੀ) ਤਾਰੀ ਲਾ ਕੇ ਪਾਰ ਲੰਘ।2।

ਹੇ ਪ੍ਰਾਣੀ! (ਸਿਫ਼ਤਿ-ਸਾਲਾਹ ਵਲੋਂ) ਤੇਰੇ ਕੰਨ ਬੋਲੇ (ਹੀ ਰਹੇ), ਤੇਰੀ ਮਤਿ ਥੋੜ੍ਹ-ਵਿਤੀ ਹੋ ਗਈ ਹੈ (ਰਤਾ ਰਤਾ ਗੱਲ ਤੇ ਛਿੱਥਾ ਪੈਣ ਦਾ ਤੇਰਾ ਸੁਭਾਉ ਬਣ ਗਿਆ ਹੈ), ਸਿਫ਼ਤਿ-ਸਾਲਾਹ ਦਾ ਸ਼ਾਂਤ-ਰਸ ਤੂੰ ਸਮਝ ਨਹੀਂ ਸਕਿਆ। ਆਪਣੇ ਮਨ ਦੇ ਪਿੱਛੇ ਲੱਗ ਕੇ ਤੂੰ ਕੀਮਤੀ ਮਨੁੱਖਾ ਜਨਮ ਗਵਾ ਲਿਆ ਹੈ। ਗੁਰੂ ਦੀ ਸਰਨ ਨਾਹ ਆਉਣ ਕਰ ਕੇ ਤੂੰ (ਆਤਮਕ ਜੀਵਨ ਵਲੋਂ) ਅੰਨ੍ਹਾ ਹੀ ਰਿਹਾ, ਤੈਨੂੰ (ਆਤਮਕ ਜੀਵਨ ਦੀ) ਸਮਝ ਨਾਹ ਆਈ।3।

(ਹੇ ਪ੍ਰਾਣੀ!) ਨਾਨਕ ਬੇਨਤੀ ਕਰਦਾ ਹੈ (ਤੇ ਤੈਨੂੰ ਸਮਝਾਂਦਾ ਹੈ ਕਿ) ਜੋ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ ਉਹ (ਵਿਕਾਰਾਂ ਦੀ ਫਾਹੀ ਤੋਂ) ਖ਼ਲਾਸੀ ਪਾ ਲੈਂਦਾ ਹੈ, ਪ੍ਰਭੂ ਦੇ ਨਾਮ ਵਿਚ ਉਸ ਦੀ ਸੁਰਤਿ ਟਿਕੀ ਰਹਿੰਦੀ ਹੈ, ਉਹ (ਦੁਨੀਆ ਵਿਚ ਵਰਤਦਾ ਹੋਇਆ ਭੀ ਦੁਨੀਆ ਵਲੋਂ) ਉਪਰਾਮ ਰਹਿੰਦਾ ਹੈ, ਆਸਾਂ ਤੋਂ ਨਿਰਲੇਪ ਰਹਿੰਦਾ ਹੈ, ਅਡੋਲਤਾ ਦੀ ਸਮਾਧੀ ਵਿਚ ਟਿਕਿਆ ਰਹਿ ਕੇ ਉਹ (ਦੁਨੀਆ ਤੋਂ) ਨਿਰਮੋਹ ਰਹਿੰਦਾ ਹੈ।4।2।3।